# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times   24 ਜੂਨ 2026 ਦਿਨ ਬੁੱਧਵਾਰ   ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਪੀ.ਏ.ਯੂ. ਵਿਖੇ ਸਲਾਨਾ ਖੇਡ ਕੈਂਪ ਦੀ ਸਮਾਪਤੀ ਹੋਈ

ਲੁਧਿਆਣਾ 24 ਜੂਨ : ਨੈਸ਼ਨਲ ਸਪੋਰਟਸ ਆਰਗਨਾਈਜ਼ੇਸ਼ਨ ਕੈਂਪ ਪੀ.ਏ.ਯੂ. ਵਿਖੇ ਬੀਤੇ ਦਿਨੀਂ ਸਫਲਤਾ ਨਾਲ ਨੇਪਰੇ ਚੜ੍ਹਿਆ| ਇਸ ਸਲਾਨਾ ਕੈਂਪ ਵਿਚ 156 ਵਿਦਿਆਰਥੀਆਂ ਨੇ 15 ਖੇਡ ਵਰਗਾਂ ਵਿਚ ਜੋਸ਼ ਅਤੇ ਉਤਸ਼ਾਹ ਨਾਲ ਭਾਗ ਲਿਆ|





ਸਮਾਪਤੀ ਸਮਾਰੋਹ ਦੇ ਮੁੱਖ ਮਹਿਮਾਨ ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਸਨ| ਡਾ. ਗੋਸਲ ਨੇ ਵਿਦਿਆਰਥੀਆਂ ਦੇ ਉਤਸ਼ਾਹ ਅਤੇ ਸਮਰਪਣ ਭਾਵ ਨਾਲ ਇਸ ਕੈਂਪ ਦਾ ਹਿੱਸਾ ਬਣਨ ਦੀ ਸ਼ਲਾਘਾ ਕੀਤੀ| ਉਹਨਾਂ ਕਿਹਾ ਕਿ ਪੀ.ਏ.ਯੂ. ਖੇਤੀ ਵਿਗਿਆਨ ਤੋਂ ਇਲਾਵਾ ਖੇਡਾਂ ਅਤੇ ਸੱਭਿਆਚਾਰ ਵਰਗ ਵਿਚ ਭਰਪੂਰ ਯੋਗਦਾਨ ਪਾਇਆ ਹੈ| ਅਜੋਕੇ ਖਿਡਾਰੀਆਂ ਨੂੰ ਇਸ ਵਿਰਾਸਤ ਤੋਂ ਪ੍ਰੇਰਿਤ ਹੋ ਕੇ ਆਪਣੇ ਅੰਦਰ ਅਨੁਸਾਸ਼ਨ ਅਤੇ ਲਗਨ ਪੈਦਾ ਕਰਨ ਦੀ ਜ਼ਰੂਰਤ ਹੈ| ਵਾਈਸ ਚਾਂਸਲਰ ਨੇ ਇਹਨਾਂ ਖਿਡਾਰੀਆਂ ਨੂੰ ਭਵਿੱਖ ਵਿਚ ਸ਼ਾਨਦਾਰ ਖੇਡ ਪ੍ਰਾਪਤੀਆਂ ਲਈ ਸ਼ੁਭ ਕਾਮਨਾਵਾਂ ਦਿੱਤੀਆਂ|

ਸਮਾਰੋਹ ਵਿਚ ਨਿਰਦੇਸ਼ਕ ਵਿਦਿਆਰਥੀ ਭਲਾਈ ਡਾ. ਕਮਲਜੀਤ ਸਿੰਘ ਸੂਰੀ ਨੇ ਸਵਾਗਤ ਦੇ ਸ਼ਬਦ ਕਹੇ| ਉਹਨਾਂ ਨੇ ਇਸ ਕੈਂਪ ਦੌਰਾਨ ਹੋਈਆਂ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ| ਕੈਂਪ ਦੌਰਾਨ ਮੁੰਡਿਆਂ ਦੇ ਵਰਗ ਵਿਚ ਮੁਹੰਮਦ ਰਿਹਾਨ ਪਹਿਲੇ, ਸਤਨਾਮ ਸਿੰਘ ਦੂਜੇ ਅਤੇ ਤਨਿਸ਼ ਜੱਗੀ ਤੀਸਰੇ ਸਥਾਨ ਤੇ ਰਹੇ| ਕੁੜੀਆਂ ਦੇ ਵਰਗ ਵਿਚ ਸਿਖਰਲਾ ਸਥਾਨ ਹਰਮਨ ਕੌਰ ਨੂੰ ਮਿਲਿਆ| ਰਮਨਪ੍ਰੀਤ ਕੌਰ ਨੂੰ ਦੂਸਰਾ ਅਤੇ ਜੈਸਿਕਾ ਚੌਧਰੀ ਨੂੰ ਤੀਸਰਾ ਸਥਾਨ ਹਾਸਲ ਹੋਇਆ|

ਸਮਾਰੋਹ ਦਾ ਸੰਚਾਲਨ ਸਰੀਰਕ ਸਿੱਖਿਆ ਦੇ ਸਹਾਇਕ ਨਿਰਦੇਸ਼ਕ ਡਾ. ਸੁਖਬੀਰ ਸਿੰਘ ਨੇ ਕੀਤਾ| ਡਾ. ਪਰਮਵੀਰ ਸਿੰਘ ਗਰੇਵਾਲ ਨੇ ਧੰਨਵਾਦ ਦੇ ਸ਼ਬਦ ਕਹੇ| ਇਸ ਮੌਕੇ ਡਾ. ਪਰਮਪਾਲ ਸਿੰਘ ਗਿੱਲ, ਸ਼੍ਰੀ ਅਜੈ ਸ਼ਰਮਾ, ਸ਼੍ਰੀ ਗੁਰਤੇਗ ਸਿੰਘ ਅਤੇ ਸ਼੍ਰੀ ਗੁਰਮੀਤ ਸਿੰਘ ਵੀ ਮੌਜੂਦ ਸਨ

## ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੇ ਪਟਿਆਲਾ ' ਚ ਜੇਲ੍ਹ ਵਿਭਾਗ ਲਈ 14 ਨਵੀਆਂ ਐਂਬੂਲੈਂਸਾਂ ਨੂੰ ਹਰੀ ਝੰਡੀ ਦਿਖਾਈ

### "ਸੁਰੱਖਿਅਤ ਤੇ ਆਧੁਨਿਕ ਜੇਲ੍ਹ ਪ੍ਰਣਾਲੀ ਸਾਡੀ ਪ੍ਰਾਥਮਿਕਤਾ ਹੈ – ਡਾ ਰਵਜੋਤ ਸਿੰਘ

### ਜੇਲ੍ਹਾਂ ਦੀ ਸੁਰੱਖਿਆ ਹੋਰ ਮਜ਼ਬੂਤ: 6 ਸਨਿਫਰ ਡੌਗਜ਼ ਅਤੇ 12 ਹੈਂਡਲਰ ਤਾਇਨਾਤ



ਪਟਿਆਲਾ 24 ਜੂਨ:ਪੰਜਾਬ ਜੇਲ੍ਹ ਟ੍ਰੇਨਿੰਗ ਸਕੂਲ, ਪਟਿਆਲਾ ਵਿਖੇ ਅੱਜ ਰਾਜ ਪੱਧਰੀ ਇਕ ਮਹੱਤਵਪੂਰਨ ਸਮਾਗਮ ਆਯੋਜਿਤ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਜੇਲ੍ਹਾਂ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਜੇਲ੍ਹ ਵਿਭਾਗ ਦੀ ਆਧੁਨਿਕਤਾ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਵਾਸਤੇ ਕੀਤੀਆਂ ਗਈਆਂ ਨਵੀਆਂ ਪਹਿਲਕਦਮੀਆਂ ਨੂੰ ਅਮਲ ਵਿੱਚ ਲਿਆਂਦਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਵਿਭਾਗ ਲਈ ਖਰੀਦੀਆਂ ਗਈਆਂ 14 ਅਤਿ-ਆਧੁਨਿਕ ਅਤੇ ਪੂਰੀ ਤਰ੍ਹਾਂ ਸੁਸੱਜਿਤ ਐਂਬੂਲੈਂਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਹ ਐਂਬੂਲੈਂਸਾਂ ਜੇਲ੍ਹਾਂ ਵਿੱਚ ਬੰਦ ਕੈਦੀਆਂ ਦੀ ਐਮਰਜੈਂਸੀ ਸਿਹਤ ਸੇਵਾਵਾਂ ਨੂੰ ਸਮੇਂ ਸਿਰ ਉਪਲਬਧ ਕਰਵਾਉਣ ਵਿੱਚ ਸਹਾਇਕ ਸਾਬਤ ਹੋਣਗੀਆਂ।

ਸਮਾਗਮ ਦੌਰਾਨ ਜੇਲ੍ਹ ਸੁਰੱਖਿਆ ਪ੍ਰਣਾਲੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਅਤੇ ਨਸ਼ਾ ਵਿਰੋਧੀ ਮੁਹਿੰਮ ਨੂੰ ਹੋਰ ਤੇਜ਼ ਕਰਨ ਦੇ ਉਦੇਸ਼ ਨਾਲ ਇਕ ਹੋਰ ਮਹੱਤਵਪੂਰਨ ਕਦਮ ਵੀ ਚੁੱਕਿਆ ਗਿਆ। ਨੈਸ਼ਨਲ ਟ੍ਰੇਨਿੰਗ ਸੈਂਟਰ ਫਾਰ ਡੌਗਜ਼ (ਐਨਟੀਸੀਡੀ), ਬੀ.ਐੱਸ.ਐੱਫ. ਟੇਕਨਪੁਰ, ਮੱਧ ਪ੍ਰਦੇਸ਼ ਤੋਂ ਵਿਸ਼ੇਸ਼ ਸਿਖਲਾਈ ਪ੍ਰਾਪਤ ਕਰਕੇ ਵਾਪਸ ਆਏ 6 ਸਨਿਫਰ ਡੌਗਜ਼ ਅਤੇ 12 ਡੌਗ ਹੈਂਡਲਰਾਂ ਨੂੰ ਵੱਖ-ਵੱਖ ਜੇਲ੍ਹਾਂ ਵਿੱਚ ਤਾਇਨਾਤ ਕਰਨ ਲਈ ਰਵਾਨਾ ਕੀਤਾ ਗਿਆ। ਇਹ ਸਨਿਫਰ ਡੌਗਜ਼ ਜੇਲ੍ਹ ਕੰਪਲੈਕਸਾਂ ਵਿੱਚ ਨਸ਼ੀਲੇ ਪਦਾਰਥਾਂ, ਗੈਰਕਾਨੂੰਨੀ ਸਮਾਨ ਅਤੇ ਹੋਰ ਸੁਰੱਖਿਆ ਖਤਰਨਾਂ ਦੀ ਪਹਿਚਾਣ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ।

ਇਸ ਮੌਕੇ ਜੇਲ੍ਹ ਮੰਤਰੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਜੇਲ੍ਹ ਪ੍ਰਣਾਲੀ ਨੂੰ ਹੋਰ ਪਾਰਦਰਸ਼ੀ, ਸੁਰੱਖਿਅਤ ਅਤੇ ਆਧੁਨਿਕ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਜੇਲ੍ਹਾਂ ਵਿੱਚ ਰਹਿੰਦੇ ਕੈਦੀਆਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਪ੍ਰਾਥਮਿਕਤਾ ਹੈ, ਤਾਂ ਜੋ ਐਮਰਜੈਂਸੀ ਸਥਿਤੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਦੇਰੀ ਨਾ ਹੋਵੇ ਅਤੇ ਸਮੇਂ ਸਿਰ ਇਲਾਜ ਸੰਭਵ ਹੋ ਸਕੇ।

ਉਨ੍ਹਾਂ ਇਹ ਵੀ ਕਿਹਾ ਕਿ ਨਸ਼ਾ ਵਿਰੋਧੀ ਮੁਹਿੰਮ ਨੂੰ ਸਫਲ ਬਣਾਉਣ ਲਈ ਜੇਲ੍ਹਾਂ ਵਿੱਚ ਸੁਰੱਖਿਆ ਦੇ ਤਕਨੀਕੀ ਅਤੇ ਮਨੁੱਖੀ ਸਰੋਤਾਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਸਨਿਫਰ ਡੌਗਜ਼ ਦੀ ਤਾਇਨਾਤੀ ਨਾਲ ਜੇਲ੍ਹਾਂ ਵਿੱਚ ਨਸ਼ੇ ਦੀ ਸਮੱਗਰੀ ਦੀ ਤਸਕਰੀ ਅਤੇ ਗੈਰਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਵਿੱਚ ਵੱਡੀ ਮਦਦ ਮਿਲੇਗੀ।

ਸਮਾਗਮ ਵਿੱਚ ਡੀ.ਆਈ.ਜੀ. ਜੇਲ੍ਹਾਂ ਪਟਿਆਲਾ ਅਤੇ ਫਿਰੋਜ਼ਪੁਰ ਸਰਕਲ ਸ੍ਰੀ ਸੁਰਿੰਦਰਜੀਤ ਸਿੰਘ ਮੰਡ, ਸੁਪਰਡੈਂਟ ਕੇਂਦਰੀ ਜੇਲ੍ਹ ਪਟਿਆਲਾ ਸ੍ਰੀ ਗੁਰਚਰਨ ਸਿੰਘ, ਪ੍ਰਿੰਸੀਪਲ ਪੰਜਾਬ ਜੇਲ੍ਹ ਟ੍ਰੇਨਿੰਗ ਸਕੂਲ ਸ੍ਰੀ ਵਰੁਣ ਸ਼ਰਮਾ, ਵਾਈਸ ਪ੍ਰਿੰਸੀਪਲ ਸ੍ਰੀ ਮੁਕੇਸ਼ ਸ਼ਰਮਾ ਸਮੇਤ ਜੇਲ੍ਹ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

ਸਮਾਗਮ ਦੇ ਅੰਤ ਵਿੱਚ ਅਧਿਕਾਰੀਆਂ ਨੇ ਵਿਸ਼ਵਾਸ ਜਤਾਇਆ ਕਿ ਇਹ ਨਵੀਆਂ ਸਹੂਲਤਾਂ ਅਤੇ ਸਿਖਲਾਈ ਪ੍ਰਾਪਤ ਸੁਰੱਖਿਆ ਟੀਮਾਂ ਪੰਜਾਬ ਦੀ ਜੇਲ੍ਹ ਪ੍ਰਣਾਲੀ ਨੂੰ ਹੋਰ ਮਜ਼ਬੂਤ, ਸੁਚਾਰੂ ਅਤੇ ਪ੍ਰਭਾਵਸ਼ਾਲੀਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਉਣਗੀਆਂ।

## ਨੌਜਵਾਨਾਂ ਲਈ ਰਾਹ ਦਿਸੇਰਾ ਪੀ.ਏ.ਯੂ. ਲੁਧਿਆਣਾ – ਬ੍ਰਿਗੇਡੀਅਰ ਚੀਮਾ





ਲੁਧਿਆਣਾ 24 ਜੂਨ : ਪੀ.ਏ.ਯੂ. ਲੁਧਿਆਣਾ ਜਿੱਥੇ ਕਿ ਸੂਬੇ ਦੇ ਕਿਸਾਨਾਂ ਲਈ ਖੇਤੀਬਾੜੀ ਵਿੱਚ ਆਮਦਨ ਦਾ ਇੱਕ ਵੱਡਾ ਸਰੋਤ ਹੈ ਉਥੇ ਹੀ ਪੀ.ਏ.ਯੂ. ਵਿੱਚ ਵੱਖ ਵੱਖ ਕੋਰਸਾਂ ਵਿੱਚ ਪੜ੍ਹ ਰਹੇ ਨੌਜਵਾਨਾਂ ਲਈ ਪੀ.ਏ.ਯੂ. ਇੱਕ ਦਿਸ਼ਾ ਨਿਰਦੇਸ਼ ਦਾ ਕੰਮ ਕਰਦੀ ਹੈ ਜਿਵੇਂ ਕਿ ਅਗਾਂਹ ਵਧੂ ਲੈਬੋਰੇਟਰੀਜ, ਸ਼ਾਨਦਾਰ ਹੋਸਟਲਜ, ਬਹੁਤ ਵਧੀਆ ਲਾਈਬ੍ਰੇਰੀ ਅਤੇ ਖੇਡਣ ਮੱਲਣ ਵਾਸਤੇ 30 ਏਕੜ ਦਾ ਖੇਡਾਂ ਦਾ ਮੈਦਾਨ ਪੀ.ਏ.ਯੂ. ਵਿੱਚ ਸਥਿਤ ਹੈ। ਜਿੱਥੋਂ ਇੱਕ ਨੌਜਵਾਨ ਆਪਣੀ ਸ਼ਖਸ਼ੀਅਤ ਦਾ ਵਿਕਾਸ ਕਰ ਸਕਦੇ ਹਨ। ਇਸ ਮੌਕੇ ਡਾ. ਤੇਜਿੰਦਰ ਸਿੰਘ ਰਿਆੜ ਅਪਰ ਨਿਰਦੇਸ਼ਕ ਸੰਚਾਰ ਨੇ ਬ੍ਰਿਗੇਡੀਅਰ ਪੀ.ਐੱਸ.ਚੀਮਾ ਸਾਹਿਬ, ਐੱਸ.ਐੱਮ. ਵੀ.ਐੱਸ.ਐੱਮ. ਗਰੁੱਪ ਕਮਾਂਡਰ, ਐਨਸੀਸੀ ਅਤੇ ਕਰਨਲ ਫੈਜਨ ਜਹੂਰ ਕਮਾਡਿੰਗ ਅਫਸਰ, ਪੰਜਾਬ ਬਟਾਲੀਅਨ ਐਨਸੀਸੀ ਦਾ ਸੰਚਾਰ ਕੇਂਦਰ ਵਿਖੇ ਪਹੁੰਚਣ ਤੇ ਨਿੱਘਾ ਸੁਆਗਤ ਕੀਤਾ ਅਤੇ ਅਗਲੇਰੀਆਂ ਸੰਭਾਵਨਾਵਾਂ ਬਾਰੇ ਗੱਲਬਾਤ ਕੀਤੀ ਇਸ ਮੌਕੇ ਡਾ. ਕਮਲਜੀਤ ਸਿੰਘ ਸੂਰੀ ਨਿਰਦੇਸ਼ਕ ਵਿਦਿਆਰਥੀ ਭਲਾਈ , ਡਾ. ਗੁਰਲਾਲ ਸਿੰਘ ਪੰਨੂ ਇੰਚਾਰਜ ਐਨਸੀਸੀ ਅਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ।

## 'ਢੋਡਾ ਹਾਊਸ' ਦੇ ਮਾਲਕ ਸੁਖਦੇਵ ਵਿੱਗ ਦਾ ਦਿਹਾਂਤ, ਇਲਾਕੇ ਵਿੱਚ ਸੋਗ ਦੀ ਲਹਿਰ

### ਪਰਿਵਾਰ ਮੈਂਬਰਾਂ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਦਾ ਲੱਗਾ ਤਾਂਤਾ

ਟਿੰਕੂ ਕੁਮਾਰ



ਕੋਟਕਪੂਰਾ, 24 ਜੂਨ : ਦੁਨੀਆ ਭਰ ਵਿੱਚ ਆਪਣੀ ਸਵਾਦਿਸ਼ਟ ਮਠਿਆਈ ਲਈ ਮਸ਼ਹੂਰ ਢੋਡਾ ਹਾਊਸ ਕੋਟਕਪੂਰਾ ਦੇ ਮਾਲਕ ਸੁਖਦੇਵ ਰਾਜ ਵਿੱਗ (ਵਿਜ) ਦਾ ਅੱਜ ਦਿਹਾਂਤ ਹੋ ਗਿਆ ਹੈ। ਉਹਨਾਂ ਦੇ ਅਕਾਲ ਚਲਾਣੇ ਦੀ ਖ਼ਬਰ ਮਿਲਦਿਆਂ ਹੀ ਪੂਰੇ ਕੋਟਕਪੂਰਾ ਸ਼ਹਿਰ ਅਤੇ ਵਪਾਰਕ ਜਗਤ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਉਹਨਾ ਦੇ ਅੰਤਿਮ ਸਸਕਾਰ ਮੌਕੇ ਸਥਾਨਕ ਰਾਮਬਾਗ ਵਿਖੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਸਮੇਤ ਭਾਰੀ ਗਿਣਤੀ ਵਿੱਚ ਰਾਜਨੀਤਿਕ, ਵਪਾਰਕ, ਵਿਦਿਅਕ, ਧਾਰਮਿਕ ਅਦਾਰਿਆਂ ਨਾਲ ਸਬੰਧਤ ਸ਼ਖਸ਼ੀਅਤਾਂ ਨੇ ਸ਼ਿਰਕਤ ਕੀਤੀ। ਸਪੀਕਰ ਸੰਧਵਾਂ ਨੇ ਸੁਖਦੇਵ ਵਿੱਗ ਦੇ ਭਤੀਜੇ ਵਰੁਣ ਵਿੱਗ ਅਤੇ ਹੋਰ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕਰਦਿਆਂ ਆਖਿਆ ਕਿ ਸੁਖਦੇਵ ਰਾਜ ਵਿੱਗ ਇੱਕ ਉੱਘੇ ਕਾਰੋਬਾਰੀ ਅਤੇ ਬੇਹੱਦ ਮਿਲਾਪੜੇ ਸੁਭਾਅ ਦੇ ਇਨਸਾਨ ਸਨ। ਉਹਨਾਂ ਦੇ ਪਰਿਵਾਰ ਨੇ ਕੋਟਕਪੂਰਾ ਦੇ ਰਵਾਇਤੀ 'ਢੋਡਾ' ਦੇ ਸਵਾਦ ਨੂੰ ਸਿਰਫ਼ ਪੰਜਾਬ ਜਾਂ ਭਾਰਤ ਤੱਕ ਹੀ ਸੀਮਤ ਨਹੀਂ ਰੱਖਿਆ, ਬਲਕਿ ਸੱਤ ਸਮੁੰਦਰੋਂ ਪਾਰ ਵਿਦੇਸ਼ਾਂ ਦੀ ਧਰਤੀ ਤੱਕ ਵੀ ਪਹੁੰਚਾਇਆ। ਇਸ ਦੁੱਖ ਦੀ ਘੜੀ ਵਿੱਚ ਇਲਾਕੇ ਦੀਆਂ ਪ੍ਰਮੁੱਖ ਰਾਜਨੀਤਿਕ, ਧਾਰਮਿਕ ਅਤੇ ਸਮਾਜਿਕ ਸ਼ਖਸੀਅਤਾਂ ਸਮੇਤ ਸਮੂਹ ਦੁਕਾਨਦਾਰਾਂ ਤੇ ਵਪਾਰ ਮੰਡਲ ਦੇ ਆਗੂਆਂ ਵੱਲੋਂ ਵਿੱਗ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ। ਜਿਕਰਯੋਗ ਹੈ ਕਿ ਪਾਕਿਸਤਾਨ ਦੇ ਜਿਹਲਮ ਦਰਿਆ ਦੇ ਕੰਢੇ ਵਸੇ ਇਕ ਖੁਸ਼ਾਬ ਨਾਮ ਦੇ ਸ਼ਹਿਰ ਦੇ ਵਸਨੀਕ ਪਹਿਲਵਾਨ ਹੰਸ ਰਾਜ ਢੋਡਾ ਨੇ ਭਲਵਾਨੀ ਦੇ ਖੇਤਰ ਵਿੱਚ ਆਪਣਾ ਨਾਮ ਉੱਚਾ ਰੱਖਣ ਦੇ ਮਨੋਰਥ ਨਾਲ ਆਪਣੀ ਸਿਹਤ ਨੂੰ ਸ਼ੇਰ ਵਰਗੀ ਮਜ਼ਬੂਤ, ਚੀਤੇ ਵਰਗੀ ਫੁਰਤੀਲੀ ਤੇ ਹਾਥੀ ਵਰਗੀ ਦਿਓ ਕੱਦ ਬਣਾਉਣ ਵਾਸਤੇ ਬਹੁਤ ਸਾਰੀਆਂ ਤਾਕਤਵਰ ਚੀਜਾਂ ਦੇ ਇਕ ਖ਼ਾਸ ਅਨੁਪਾਤ ਦੇ ਮਿਸ਼ਰਣ ਨਾਲ ਤਿਆਰ ਕਰਕੇ ਢੋਡਾ ਮਠਿਆਈ ਸਾਲ 1912 ਵਿੱਚ ਬਣਾਈ। ਭਲਵਾਨ ਹੰਸ ਰਾਜ ਦਾ ਇਹ ਦਾਅਵਾ ਸੀ ਕਿ ਜੋ ਵੀ ਸ਼ਖਸ਼ ਢੋਡਾ ਮਠਿਆਈ ਨੂੰ ਖਾਵੇਗਾ, ਉਹ ਆਪਣੇ ਜੀਵਨ ਵਿੱਚ ਹਮੇਸ਼ਾਂ ਨਿਰੋਗ ਤੇ ਤੰਦਰੁਸਤ ਰਹੇਗਾ। ਹਿੰਦ-ਪਾਕਿ ਵੰਡ ਮੌਕੇ 1947 ਦੀ ਖੂਨੀ ਹਨੇਰੀ ਮੌਕੇ ਭਲਵਾਨ ਹੰਸ ਰਾਜ ਅਤੇ ਉਹਨਾਂ ਦਾ ਬੇਟਾ ਖੁਸ਼ੀ ਰਾਮ ਆਪਣੀ ਜਾਨ ਬਚਾ ਕੇ ਪਰਿਵਾਰ ਸਮੇਤ ਕੋਟਕਪੂਰੇ ਆਣ ਵਸੇ, ਜਿੱਥੇ ਉਹਨਾਂ ਨੇ ਆਪਣੀ ਮਠਿਆਈ ਵਾਲੀ ਦੁਕਾਨ ਦਾ ਨਾਮ ਢੋਡਾ ਹਾਊਸ ਦੇ ਨਾਮ 'ਤੇ ਰੱਖ ਕੇ ਕਾਰੋਬਾਰ ਸ਼ੁਰੂ ਕੀਤਾ, ਜੋ ਅੱਜ ਵੀ ਦੁਨੀਆਂ ਭਰ ਵਿੱਚ ਬੈਠੇ ਪੰਜਾਬੀਆਂ ਦੀ ਪਸੰਦੀਦਾ ਮਠਿਆਈ ਹੈ।

## ਪੀ.ਏ.ਯੂ. ਵਿਖੇ ਫੈਕਲਟੀ ਵਿਕਾਸ ਪ੍ਰੋਗਰਾਮ ਦੌਰਾਨ ਏ ਆਈ ਅਤੇ ਹੋਰ ਵਿਸ਼ਿਆਂ ਸੰਬੰਧੀ ਚਰਚਾ ਹੋਈ

ਲੁਧਿਆਣਾ 24 ਜੂਨ (ਵਰਲਡ ਪੰਜਾਬੀ ਟਾਈਮਜ਼) ਪੀ.ਏ.ਯੂ. ਵਿਖੇ ਖੇਤੀ ਇੰਜਨੀਅਰਿੰਗ ਕਾਲਜ ਦੇ ਡਿਜ਼ੀਟਲ ਇਨੋਵੇਸ਼ਨਜ਼ ਫਾਰ ਸਮਾਰਟ ਐਗਰੀਕਲਚਰ ਸਕੂਲ ਵਿੱਚ ਇਕ ਹਫਤੇ ਦਾ ਫੈਕਲਟੀ ਵਿਕਾਸ ਪ੍ਰੋਗਰਾਮ ਸ਼ੁਰੂ ਹੋ ਗਿਆ| ਇਸ ਪ੍ਰੋਗਰਾਮ ਦਾ ਸਿਰਲੇਖ ਏ ਆਈ ਅਤੇ ਏ ਆਈ ਦੇ ਨਾਲ-ਨਾਲ ਅਧਿਆਪਨ ਅਤੇ ਸਿੱਖਿਆ ਵਾਸਤੇ ਵਿਕਸਿਤ ਵਿਧੀਆਂ ਸੰਬੰਧੀ ਨਿਰਧਾਰਤਕੀਤਾ ਗਿਆ ਹੈ| ਚੰਡੀਗੜ ਦੇ ਟੈਕਨੀਕਲ ਟੀਚਰਜ਼ ਟ੍ਰੇਨਿੰਗ ਅਤੇ ਰਿਸਰਚ ਬਾਰੇ ਰਾਸ਼ਟਰੀ ਸੰਸਥਾਨ ਦੇ ਸਹਿਯੋਗ ਨਾਲ ਇਸ ਵਿਕਾਸ ਪ੍ਰੋਗਰਾਮ ਦੀ ਰੂਪਰੇਖਾ ਬਣਾਈ ਗਈ ਹੈ|





ਆਰੰਭਕ ਸੈਸ਼ਨ ਦੀ ਸ਼ੋਭਾ ਵਧਾਉਣ ਲਈ ਖੇਤੀ ਇੰਜਨੀਅਰਿੰਗ ਕਾਲਜ ਦੇ ਡੀਨ ਡਾ. ਮਨਜੀਤ ਸਿੰਘ ਮੌਜੂਦ ਸਨ| ਉਹਨਾਂ ਨਾਲ ਵਧੀਕ ਨਿਰਦੇਸ਼ਕ ਖੋਜ (ਇੰਜ.) ਡਾ. ਮਹੇਸ਼ ਕੁਮਾਰ ਅਤੇ ਇਲੈਕਟ੍ਰੀਕਲ ਇੰਜਨੀਅਰਿੰਗ ਅਤੇ ਸੂਚਨਾ ਤਕਨਾਲੋਜੀ ਵਿਭਾਗ ਦੇ ਮੁਖੀ ਡਾ. ਓ ਪੀ ਗੁਪਤਾ ਵੀ ਵਿਸ਼ੇਸ਼ ਤੌਰ ਤੇ ਮੌਜੂਦ ਰਹੇ|

ਡਾ. ਮਨਜੀਤ ਸਿੰਘ ਨੇ ਖੇਤੀ ਦੇ ਮੌਜੂਦਾ ਦ੍ਰਿਸ਼ ਵਿਚ ਏ ਆਈ ਦੇ ਵਧਦੇ ਮਹੱਤਵ ਦੀ ਗੱਲ ਕੀਤੀ| ਉਹਨਾਂ ਕਿਹਾ ਕਿ ਅੱਜ ਦੇ ਦੌਰ ਵਿਚ ਅਧਿਆਪਨ ਲਈ ਵੀ ਏ ਆਈ ਵਿਧੀਆਂ ਨੂੰ ਵਿਚਾਰਨਾ ਅਤੇ ਵਿਹਾਰ ਦਾ ਹਿੱਸਾ ਬਣਾਉਣਾ ਜ਼ਰੂਰੀ ਹੈ| ਉਹਨਾਂ ਨੇ ਜਾਰੀ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਇਸ ਤੋਂ ਸਾਰਥਕ ਸਿੱਟਿਆਂ ਦੀ ਆਸ ਪ੍ਰਗਟਾਈ| ਡਾ. ਮਹੇਸ਼ ਕੁਮਾਰ ਨੇ ਅੱਜ ਦੇ ਸਮੇਂ ਵਿਚ ਵਿਕਸਿਤ ਖੇਤੀ ਤਕਨੀਕਾਂ ਵਿਚ ਏ ਆਈ ਨੂੰ ਬੇਹੱਦ ਮਹੱਤਵਪੂਰਨ ਕਰਾਰ ਦਿੱਤਾ|

ਡਾ. ਐੱਮ ਐੱਸ ਸਿੱਧੂ ਨੇ ਸਵਾਗਤ ਦੇ ਸ਼ਬਦ ਕਹਿੰਦਿਆਂ ਇਸ ਫੈਕਲਟੀ ਵਿਕਾਸ ਪ੍ਰੋਗਰਾਮ ਦੀ ਰੂਪਰੇਖਾ ਬਾਰੇ ਗੱਲ ਕੀਤੀ| ਐੱਨ ਆਈ ਟੀ ਟੀ ਆਰ ਚੰਡੀਗੜ ਦੇ ਡਾ. ਮੈਤਰੇਈ ਦੱਤਾ ਨੇ ਇਸ ਕੋਰਸ ਦੇ ਮੰਤਵ ਸੰਬੰਧੀ ਵਿਸਥਾਰ ਨਾਲ ਚਾਨਣਾ ਪਾਇਆ|

ਕੁੱਲ 42 ਅਧਿਆਪਕ ਇਸ ਸਿਖਲਾਈ ਲਈ ਦਰਜ ਹੋਏ ਹਨ| ਜਿਨ੍ਹਾਂ ਵਿਚ ਪੀ.ਏ.ਯੂ. ਦੇ ਅਧਿਆਪਕਾਂ ਤੋਂ ਇਲਾਵਾ ਖੋਜਾਰਥੀ ਅਤੇ ਵੱਖ-ਵੱਖ ਵਰਗਾਂ ਦੇ ਖੋਜੀ ਵੀ ਸ਼ਾਮਿਲ ਹਨ| ਅੰਤ ਵਿਚ ਸਿਵਲ ਇੰਜਨੀਅਰਿੰਗ ਵਿਭਾਗ ਦੇ ਮੁਖੀ ਡਾ. ਵੀ ਪੀ ਸੇਠੀ ਨੇ ਸਭ ਦਾ ਧੰਨਵਾਦ ਕੀਤਾ|

## ਪਟਿਆਲਾ 'ਚ ਐਸ ਆਈ ਆਰ-2026 ਸਬੰਧੀ ਡੀ.ਸੀ. ਦੀ ਅਗਵਾਈ ਹੇਠ ਮਹੱਤਵਪੂਰਨ ਮੀਟਿੰਗ

### ਵੋਟਰ ਸੂਚੀਆਂ ਨੂੰ ਅਪਡੇਟ ਕਰਨ ਲਈ ਰਾਜਨੀਤਿਕ ਪਾਰਟੀਆਂ ਦਾ ਸਹਿਯੋਗ ਜ਼ਰੂਰੀ: ਡਿਪਟੀ ਕਮਿਸ਼ਨਰ

### ਬੂਥ ਲੈਵਲ ਅਜੈਂਟ ਘਰ-ਘਰ ਜਾ ਕੇ ਵੋਟਰ ਜਾਣਕਾਰੀ ਇਕੱਠੀ ਕਰਨਗੇ – ਡੀ ਸੀ




ਪਟਿਆਲਾ 24 ਜੂਨ: ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਰਾਜ ਵਿੱਚ ਚੱਲ ਰਹੀ ਸਪੈਸ਼ਲ ਇਨਸੇਂਟਿਵੇ ਰਵੀਜ਼ਨ (ਐਸ ਆਈ ਆਰ-2026) ਦੇ ਮੱਦੇਨਜ਼ਰ ਅੱਜ ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਚੋਣ ਅਫਸਰ, ਪਟਿਆਲਾ ਡਾ ਹਿਮਾਂਸ਼ੂ ਅਗਰਵਾਲ ਦੀ ਪ੍ਰਧਾਨਗੀ ਹੇਠ ਜ਼ਿਲੇ ਦੀਆਂ ਸਾਰੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਵਧੀਕ ਜ਼ਿਲ੍ਹਾ ਚੋਣ ਅਫਸਰ ਅਨੁਪ੍ਰਿਤਾ ਜੌਹਲ, ਚੋਣ ਤਹਿਸੀਲਦਾਰ ਵਿਜੇ ਚੌਧਰੀ ਤੋਂ ਇਲਾਵਾ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਅਤੇ ਨਿਯੁਕਤ ਕੀਤੇ ਬੀ.ਐਲ.ਏ-1 ਮੌਜੂਦ ਸਨ।

ਮੀਟਿੰਗ ਦੌਰਾਨ ਜਿਲ੍ਹਾ ਚੋਣ ਅਫਸਰ ਜੀ ਨੇ ਦੱਸਿਆ ਕਿ ਐਸ ਆਈ ਆਰ-2026 ਦਾ ਮੁੱਖ ਉਦੇਸ਼ ਵੋਟਰ ਸੂਚੀਆਂ ਨੂੰ ਹੋਰ ਵੱਧ ਤੋਂ ਵੱਧ ਸ਼ੁੱਧ, ਪਾਰਦਰਸ਼ੀ ਅਤੇ ਅਪਡੇਟ ਬਣਾਉਣਾ ਹੈ। ਉਨ੍ਹਾ ਕਿਹਾ ਕਿ ਇਸ ਪ੍ਰਕਿਰਿਆ ਦੀ ਸਫਲਤਾ ਲਈ ਰਾਜਨੀਤਿਕ ਪਾਰਟੀਆਂ ਦੀ ਭਾਗੀਦਾਰੀ ਅਤੇ ਸਹਿਯੋਗ ਬਹੁਤ ਜਰੂਰੀ ਹੈ। ਮੀਟਿੰਗ ਵਿੱਚ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਹਦਾਇਤ ਕੀਤੀ ਗਈ ਕਿ ਉਹ ਆਪਣੇ-ਆਪਣੇ ਪੋਲਿੰਗ ਸਟੇਸ਼ਨਾਂ ਲਈ ਬੂਥ ਲੈਵਲ ਏਜੰਟ (ਬੀ ਐਲ ਏ) ਦੀ ਨਿਯੁਕਤੀ ਜਲਤ ਤੋਂ ਜਲਦ ਯਕੀਨੀ ਬਣਾਉਣ ਅਤੇ ਨਿਯੁਕਤੀ ਪੱਤਰ ਨਿਰਧਾਰਤ ਪ੍ਰੋਫਾਰਮੇ ਵਿੱਚ ਸਬੰਧਤ ਚੋਣ ਰਜਿਸਟ੍ਰੇਸ਼ਨ ਅਫਸਰਾਂ ਕੋਲ ਜਮ੍ਹਾ ਕਰਵਾਉਣ। ਉਨ੍ਹਾਂ ਦੱਸਿਆ ਕਿ ਬੀ ਐਲ ਏ ਚੋਣ ਕਮਿਸ਼ਨ ਅਤੇ ਰਾਜਨੀਤਿਕ ਪਾਰਟੀਆਂ ਵਿਚਕਾਰ ਇੱਕ ਮਹੱਤਵਪੂਰਨ ਕੜੀ ਵਜੋਂ ਕੰਮ ਕਰਦੇ ਹਨ ਅਤੇ ਵੋਟਰ ਸੂਚੀਆਂ ਦੀ ਸ਼ੁੱਧਤਾ ਵਿੱਚ ਅਹਿਮ ਯੋਗਦਾਨ ਪਾ ਸਕਦੇ ਹਨ।

ਮੀਟਿੰਗ ਦੌਰਾਨ ਬੀ ਐਲ ਓ- ਬੀ ਐਲ ਓ ਓਰੇਨਟੀਏਸ਼ਨ ਪ੍ਰੋਗਰਾਮ ਸਬੰਧੀ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ ਜੋ ਕਿ ਹਲਕਾ ਪੱਧਰੀ ਤੇ ਮਿਤੀ 23 ਜੂਨ ਤੋਂ 24 ਜੂਨ 2026 ਨੂੰ ਕਰਵਾਈ ਜਾ ਰਹੀ ਹੈ। ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਬੀ ਐਲ ਏਜ਼ ਦੀ ਓਰੀਐਂਟੇਸ਼ਨ ਪ੍ਰੋਗਰਾਮ ਵਿੱਚ ਭਾਗੀਦਾਰੀ ਯਕੀਨੀ ਬਣਾਉਣ ਤਾਂ ਜੋ ਉਹਨਾਂ ਨੂੰ ਐਸ ਆਈ ਆਰ ਦੀ ਪ੍ਰਕਿਰਿਆ, ਫਾਰਮਾਂ, ਸਮੀਖਿਆ ਅਤੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਬਾਰੇ ਪੂਰੀ ਜਾਣਕਾਰੀ ਪ੍ਰਾਪਤ ਹੋ ਸਕੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 25 ਜੂਨ 2026 ਤੋਂ ਘਰ-ਘਰ ਸਰਵੇਖਣ ਦੀ ਪ੍ਰਕਿਰਿਆ ਸ਼ੁਰੂ ਹੋਣੀ ਹੈ, ਜਿਸ ਦੌਰਾਨ ਬੂਥ ਲੈਵਲ ਅਫਸਰ ਘਰ-ਘਰ ਜਾ ਕੇ ਇਨੁਮੀਰੇਸ਼ਨ ਫੋਰਮ ਡਿਸਟ੍ਰਿਬਯੂਟ ਅਤੇ ਸਹੀ ਜਾਣਕਾਰੀ ਭਰਵਾ ਕੇ, ਉਸਦੀ ਇੱਕ ਕਾਪੀ ਕਲੈਕਟ ਕਰਨਗੇ। ਇਸ ਪ੍ਰਕਿਰਿਆ ਨੂੰ ਹੋਰ ਪ੍ਰਭਾਵਸ਼ਾਲੀ ਅਤੇ ਪਾਰਦਰਸ਼ੀ ਬਣਾਉਣ ਲਈ ਬੀ ਐਲ ਏ'ਜ਼ ਦੇ ਸਹਿਯੋਗ ਦੀ ਵੀ ਅਪੀਲ ਕੀਤੀ ਗਈ।

ਵਰਲਡ ਪੰਜਾਬੀ ਟਾਈਮਜ਼ 24 ਜੂਨ 2026 ਦਿਨ ਬੁੱਧਵਾਰ

## ਸਾਰਟ ਮੂਵੀਜ਼ "ਢੱਠੇ ਖੂਹ" ਤੇ "ਬਹੂ ਬਲੀ 2" ਨੂੰ ਮਿਲੇਗਾ ਦਰਸ਼ਕਾਂ ਵੱਲੋ ਮਣਾਂ ਮੂੰਹੀ ਪਿਆਰ:- ਲੇਖਕ ਡਾਇਰੈਕਟਰ ਛਿੰਦਾ ਸਿੰਘ ਛਿੰਦਾ

ਸ਼ਿਵਨਾਥ ਦਰਦੀ ਫ਼ਰੀਦਕੋਟ

ਪੰਜਾਬੀ ਫਿਲਮ ਇੰਡਸਟ੍ਰੀਜ ਦੇ ਪਾਲੀਵੁੱਡ ਦੇ ਮਾਣਮੱਤੇ ਲੇਖਕ , ਰੰਗਕਰਮੀ ਤੇ ਅਦਾਕਾਰ ਅਤੇ ਫਿਲਮ ਡਾਇਰੈਕਟਰ "ਛਿੰਦਾ ਸਿੰਘ ਛਿੰਦਾ ਜੀ" ਦੁਆਰਾ ਲਿਖਤ ਤੇ ਡਾਇਰੈਕਟ ਕੀਤੀਆ ਸਾਰਟ ਮੂਵੀ "ਢੱਠੇ ਖੂਹ" ਤੇ ਓਨਾਂ ਦੀ ਦੂਜੀ ਸਾਰਟ ਮੂਵੀਜ਼ " ਬਹੂ ਬਲੀ 2 " ਦੀ ਸੂਟਿੰਗ ਪੂਰੀ ਹੋ ਚੁੱਕੀ ਹੈ। ਇਸ ਮੂਵੀਜ਼ ਦੇ ਸਹਾਇਕ ਡਾਇਰੈਕਟਰ , ਰੰਗਕਰਮੀ ਤੇ ਅਦਾਕਾਰ "ਰਣਜੀਤ ਬਿੱਟਾ ਜੀ" ਨੇ ਦੱਸਿਆ, ਅਸੀ ਬਹੁਤ ਜਲਦ ਫੀਚਰ ਫ਼ਿਲਮ ਕਰਨ ਜਾ ਰਹੇ , ਜਿਸ ਵਿੱਚ ਪਾਲੀਵੁੱਡ ਦੇ ਨਾਮੀ ਅਦਾਕਾਰ ਨਜ਼ਰ ਆਉਣਗੇ। ਮਾਣਮੱਤੇ ਚਰਚਿਤ ਅਦਾਕਾਰ ਤੇ ਡਾਇਰੈਕਟਰ ਛਿੰਦਾ ਸਿੰਘ ਛਿੰਦਾ ਜੀ ਲਗਾਤਾਰ ਆਪਣੀ ਡਗਰ ਤੇ ਚਲਦੇ ਆ ਰਹੇ। ਜਿੰਦਗੀ ਸੰਘਰਸ਼ਾਂ ਦੇ ਰਾਹ ਤੇ ਚਲਦੀ ਆ ਰਹੀ। ਲੇਖਕ ਛਿੰਦਾ ਸਿੰਘ ਛਿੰਦਾ ਜੀ ਦੁਆਰਾ ਅੱਧੀ ਦਰਜਨ ਦੇ ਕਰੀਬ ਕਿਤਾਬਾਂ ਲਿਖੀਆਂ ਤੇ ਕਿਸਾਨੀ ਸੰਘਰਸ਼ ਵਿਚ ਵੀ ਏਨਾਂ ਨਾਮ ਮੂਹਰਲੀ ਕਤਾਰ ਵਿਚ ਆਉਦਾ ਹੈ , ਛਿੰਦਾ ਸਿੰਘ ਛਿੰਦਾ ਜੀ ਦਾ। ਮੇਰੀਆਂ ਦੁਆਵਾ ਛਿੰਦਾ ਸਿੰਘ ਛਿੰਦਾ ਜੀ ਲਈ ਪ੍ਰਮਾਤਮਾ ਓਨਾਂ ਦੀ ਮਿਹਨਤ ਨੂੰ ਰੰਗ ਲਾਵੇ , ਮੰਜ਼ਿਲਾਂ ਏਨਾਂ ਦੇ ਕਦਮ ਚੁੰਮਣ।



ਦੋਨੋ ਸਾਰਟ ਮੂਵੀਜ਼ "ਢੱਠੇ ਖੂਹ" ਤੇ "ਬਹੂ ਬਲੀ 2" ਮੂਵੀ ਵਿੱਚ ਅਦਾਕਾਰ ਵਜੋ ਪੰਜਾਬੀ ਦੇ ਚਰਚਿਤ ਲੋਕ ਗਾਇਕ ਸਲੀਮ ਅਖਤਰ, ਸ਼ਿਵਨਾਥ ਦਰਦੀ, ਅਸੀਸ ਕੁਮਾਰ, ਅਦਾਕਾਰਾ ਗੁਰਵਿੰਦਰ ਕੌਰ, ਮਮਤਾ ਦਰਦੀ , ਨਵਦੀਪ ਕੌਰ ਗਗਨ , ਮਨੂੰ ਭੱਟੀ ਆਦਿ ਨੇ ਆਪਣੀ ਵਿਲੱਖਣ ਬੇਹਤਰੀਣ ਅਦਾਕਾਰੀ ਨਾਲ ਚਾਰ ਚੰਨ ਲਾਏ ਹਨ। ਇਹ ਦੋਨੋ ਮੂਵੀਜ਼ ਖੂਬਸੂਰਤ ਸੰਦੇਸ਼ ਭਰਪੂਰ ਤੇ ਦਰਸ਼ਕਾਂ ਦੇ ਹਸਾ ਹਸਾ ਢਿੱਡੀ ਪੀੜਾ ਪਾਉਣ ਵਾਲੀਆ ਹਨ। ਏਨਾਂ ਦੋਨੋ ਸਾਰਟ ਮੂਵੀਜ਼ ਦੇ ਕੈਮਰਾਮੈਨ ਤੇ ਅਡੀਟਰ ਹਨ , "ਗੁਰਸੰਗੀਤ ਸਿੰਘ" , ਜਿਨਾਂ ਨੇ ਦੋਨੋ ਸਾਰਟ ਮੂਵੀ ਦੇ ਖੂਬਸੂਰਤ ਦ੍ਰਿਸ਼ਾਂ ਨੂੰ ਆਪਣੇ ਕੈਮਰੇ ਕੈਦ ਕੀਤਾ ਹੈ।

ਇਹ ਦੋਨੋ ਸਾਰਟ ਮੂਵੀਜ਼ ਜਲਦ ਯੂਟਿਊਬ ਚੈਨਲ "ਪੰਜਾਬੀ ਲੋਕਰੰਗ ਮੰਚ" ਤੇ ਦਰਸ਼ਕਾਂ ਦੇ ਸਨਮੁੱਖ ਹੋਣ ਜਾ ਰਹੀਆ ਹਨ। ਆਮੀਨ

## ਤੇਰੇ ਬਿਨ




ਗੁਰਭਜਨ ਗਿੱਲ

ਜਦ ਧਰਤੀ ਹਾਉਕਾ ਭਰਦੀ ਹੈ,
ਮੋਇਆਂ ਨੂੰ ਚੇਤੇ ਕਰਦੀ ਹੈ ।
ਅੱਖੀਆਂ ਦੇ ਤਲਖ਼ ਸਮੁੰਦਰ 'ਚੋਂ,
ਹੰਝੂਆਂ ਦੀ ਬਾਰਸ਼ ਵਰ੍ਹਦੀ ਹੈ ।

ਕਿਸੇ ਬੇਬਸ ਕੈਦ ਪਰਿੰਦੇ ਦੀ,
ਪਰਵਾਜ਼ ਜਦੋਂ ਵੀ ਮਰਦੀ ਹੈ ।
ਮੈਂ ਉਸ ਦੇ ਦਰਦ ਨੂੰ ਸੁਰ ਕਰ ਲਾਂ,
ਇਹ ਹੀ ਕਵਿਤਾ ਦੀ ਹੂਕ ਬਣੇ।

ਜਿੰਨ੍ਹਾਂ ਦੇ ਦਿਲ ਵਿਚ ਵਣਜ ਬਿਨਾਂ,
ਕੋਈ ਸੁਪਨਾ ਹੀ ਨਾ ਪੈਰ ਧਰੇ ।
ਜ਼ਰਬਾਂ ਤਕਸੀਮਾਂ ਕਰਨ ਸਦਾ,
ਉਨ੍ਹਾਂ ਤੋਂ ਜ਼ਿੰਦਗੀ ਰੋਜ਼ ਡਰੇ ।
ਜਿੰਨ੍ਹਾਂ ਨੇ ਸਾਰੀ ਖ਼ਲਕਤ ਨੂੰ,
ਕਰ ਦਿੱਤੈ ਰੂਹ ਤੋਂ ਹੋਰ ਪਰੇ।

ਜਿੰਨ੍ਹਾਂ ਦੀ ਹਕੂਮਤ ਇਹ ਚਾਹਵੇ,
ਹਰ ਰੁੱਖ ਤੋਂ ਸਿਰਫ਼ ਬੰਦੂਕ ਬਣੇ।
ਜਾਂ ਲਾਸ਼ਾਂ ਢੋਵਣ ਖ਼ਾਤਰ ਹੀ,
ਬਕਸਾ ਜਾਂ ਸਿਰਫ਼ ਸੰਦੂਕ ਬਣੇ।

ਕੋਈ ਮਰਦਾ ਹੈ, ਕੋਈ ਜਾਂਦਾ ਹੈ,
ਜੰਗਬਾਜ਼ਾਂ ਨੂੰ ਕੋਈ ਫ਼ਰਕ ਨਹੀਂ।
ਘੁੱਗੀਆਂ ਚੁੰਝ ਨਰਮ ਕਰੂੰਬਲ ਨੂੰ,
ਝਪਟਣ ਦਾ ਕੋਈ ਤਰਕ ਨਹੀਂ।

ਘੁੱਗੀਆਂ ਦਾ ਜੋੜਾ ਬਹਿ ਕੇ ,
ਜਦੋਂ ਕਲੋਲ ਕਰੇ ।
ਸਾਹਵਾਂ ਨੂੰ ਇਕਸੁਰ ਕਰਕੇ,
ਗਾਨੀ ਕੋਲ ਕਰੇ।

ਰੂਹਾਂ ਦਾ ਹੋਵੇ ਮੇਲ ਜਦੋਂ,
ਅੰਬਰਾਂ 'ਚੋਂ ਪਵੇ ਤਰੇਲ ਉਦੋਂ,
ਚੰਬਾ ਖਿੜ ਜਾਵੇ ਸਾਹਵਾਂ ਵਿਚ,
ਕੁਝ ਇਹੋ ਜਿਹਾ ਸਲੂਕ ਬਣੇ।
ਇਹ ਧੜਕਣ ਮਿੱਸਿਆਂ ਸਾਹਵਾਂ ਦੀ,
ਮੇਰੇ ਗੀਤਾਂ ਦੀ ਇਕ ਟੂਕ ਬਣੇ।

ਬੇਲੇ ਵਿਚ ਮੱਝੀਆਂ ਚਾਰਦਿਆਂ,
ਹਰ ਕੈਦੋ ਅੱਗੇ ਹਾਰਦਿਆਂ।
ਜ਼ਿੰਦਗੀ 'ਚੋਂ ਹੀਰ ਗੁਆਚੇ ਨਾ,
ਇਸ ਦੀ ਹੀ ਕੀਮਤ ਤਾਰਦਿਆਂ।
ਜਦ ਵੰਝਲੀ ਕੋਲ ਬੁਲਾਉਂਦੀ ਹੈ,
ਦਿਲ ਵਾਲੇ ਛੇਕ ਵਿਖਾਉਂਦੀ ਹੈ।
ਮੈਂ ਕੁਲ ਆਲਮ ਦਾ ਸੋਜ਼ ਉਦੋਂ,
ਪੋਰੀ ਦੇ ਅੰਦਰ ਭਰਦਾ ਹਾਂ,
ਬੱਸ ਤੈਨੂੰ ਚੇਤੇ ਕਰਦਾ ਹਾਂ।

ਛੇਕਾਂ ਨੂੰ ਪੋਟੇ ਛੋਹਣ ਜਦੋਂ,
ਹਟਕੋਰੇ ਭਰਦੀ ਪੌਣ ਉਦੋਂ।
ਕੋਈ ਤਰਜ਼ ਗੁਆਚੀ ਉਮਰਾਂ ਦੀ,
ਸੁਣ ਮਨ ਦਾ ਚੰਬਾ ਖਿਲਦਾ ਹੈ।
ਮਾਰੂਥਲ ਵਿਚ ਤੁਰਦੇ ਰਾਹੀ ਨੂੰ,
ਘੁੱਟ ਪਾਣੀ ਜੀਕਣ ਮਿਲਦਾ ਹੈ।
ਮੈਨੂੰ ਵੀ ਉਸ ਪਲ ਇਉਂ ਜਾਪੇ,
ਜਿਉਂ ਜੀਣ ਬਹਾਨਾ ਮਿਲਦਾ ਹੈ।

ਸੱਜਣਾਂ ਦੀ ਅੱਖ ਦਾ ਖੋਟ ਜਦੋਂ,
ਨਜ਼ਰਾਂ ਦੇ ਅੰਦਰ ਭਰ ਜਾਵੇ।
ਧੜਕਣ ਵਿਚ ਕੈਦ ਪਰਿੰਦਿਆਂ ਦੀ,
ਪਰਵਾਜ਼ ਉਸੇ ਪਲ ਮਰ ਜਾਵੇ।
ਤੇ ਨੀਲੇ ਅੰਬਰੀਂ ਉਸ ਵੇਲੇ,
ਕਲਮੂੰਹਾਂ ਧੂੰਆਂ ਭਰ ਜਾਵੇ।

ਧਰਤੀ ਦੀ ਸਹੁੰ ਮੈਂ ਉਸ ਵੇਲੇ,
ਕੱਲ੍ਹਾ, ਘਬਰਾਵਾਂ, ਡਰਦਾ ਹਾਂ।
ਰੁੱਖਾਂ ਨੂੰ ਨੇੜਿਉਂ ਵੇਖਾਂ ਫਿਰ,
ਪੱਤਿਆਂ ਨੂੰ ਸਿਜਦੇ ਕਰਦਾ ਹਾਂ।
ਫੁੱਲਾਂ ਦੀਆਂ ਵੇਲਾਂ ਮਹਿਕਦੀਆਂ,
ਇਹ ਗੀਤ ਰੁਮਕਦੀ ਪੌਣ ਸੁਣੇ।
ਮੇਰੇ ਅਨਹਦ ਨਾਦ ਨੂੰ ਤੇਰੇ ਬਿਨ,
ਇਸ ਧਰਤੀ ਤੇ ਦੱਸ ਕੌਣ ਸੁਣੇ?

## ਸਿੱਖ ਸੰਘਰਸ਼ ਪੜਾਅ ਦਰ ਪੜਾਅ ਜਾਰੀ ਹੈ..

ਰਣਜੀਤ ਸਿੰਘ ਦਮਦਮੀ ਟਕਸਾਲ

13 ਅਪ੍ਰੈਲ 1978 ਨੂੰ ਦਮਦਮੀ ਟਕਸਾਲ ਤੇ ਅਖੰਡ ਕੀਰਤਨੀ ਜਥੇ ਦੇ 13 ਸਿੰਘਾਂ ਦੀਆਂ ਸ਼ਹਾਦਤਾਂ ਨਾਲ਼ ਅਜੋਕੇ ਸਿੱਖ ਸੰਘਰਸ਼ ਦਾ ਮੁੱਢ ਬੱਝ ਗਿਆ ਸੀ। ਜੁਝਾਰੂ ਸਿੰਘਾਂ ਨੇ ਨਰਕਧਾਰੀ ਵੀ ਸੋਧੇ ਅਤੇ ਪੰਥ ਤੇ ਪੰਜਾਬ ਦੇ ਹੱਕਾਂ ਲਈ ਧਰਮ ਯੁੱਧ ਮੋਰਚਾ ਵੀ ਪੂਰੇ ਸਿਖ਼ਰਾਂ 'ਤੇ ਲੜਿਆ। ਜਦੋਂ ਸਿੱਖ ਕੌਮ ਨੂੰ ਖ਼ਤਮ ਕਰਨ ਲਈ ਭਾਰਤੀ ਫ਼ੌਜਾਂ ਨੇ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹਮਲਾ ਕੀਤਾ ਤਾਂ ਗੁਰਧਾਮਾਂ ਦੀ ਪਵਿੱਤਰਤਾ ਦੀ ਰਾਖੀ ਲਈ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ 'ਚ ਖ਼ਾਲਸਾ ਫ਼ੌਜਾਂ ਨੇ ਚਮਕੌਰ ਦੀ ਗੜ੍ਹੀ ਵਾਂਗ ਸ਼ਾਨਾਮੱਤਾ ਇਤਿਹਾਸ ਸਿਰਜਿਆ। ਫਿਰ ਕੌਮੀ ਘਰ ਖ਼ਾਲਿਸਤਾਨ ਦੀ ਅਜ਼ਾਦੀ ਲਈ ਅਣਖੀਲੀ ਸਿੱਖ ਜਵਾਨੀ ਨੇ ਪੰਜਾਬ ਦੇ ਮੈਦਾਨੀ ਇਲਾਕੇ 'ਚ ਦਸ ਸਾਲ ਹਥਿਆਰਬੰਦ ਸੰਘਰਸ਼ ਲੜਿਆ ਤੇ ਦਿੱਲੀ ਤਖ਼ਤ ਨੂੰ ਹਿਲ਼ਾ ਦਿੱਤਾ ਤੇ ਪੰਥ ਦੇ ਦੁਸ਼ਮਣਾਂ ਨੂੰ ਚੁਣ-ਚੁਣ ਕੇ ਸੋਧੇ ਲਾਏ ਤੇ ਸਭ ਪਾਸੇ ਖ਼ਾਲਸਾ ਜੀ ਕੇ ਬੋਲਬਾਲੇ ਕਰ ਦਿੱਤੇ। ਭਾਰਤੀ ਹਕੂਮਤ ਨੇ ਜੁਝਾਰੂ ਸਿੰਘਾਂ ਨੂੰ ਮਾਰਨ ਤੇ ਖ਼ਾਲਿਸਤਾਨੀ ਬੰਦੂਕਾਂ ਨੂੰ ਸ਼ਾਂਤ ਕਰਨ ਲਈ ਪੂਰੀ ਤਾਕਤ ਝੋਕ ਦਿੱਤੀ। ਸਿੰਘਾਂ-ਸਿੰਘਣੀਆਂ ਦੀਆਂ ਸ਼ਹੀਦੀਆਂ ਦਾ ਹੜ੍ਹ ਆਇਆ, ਪਰ ਇਹ ਸੰਘਰਸ਼ ਖ਼ਤਮ ਨਾ ਹੋ ਸਕਿਆ ਤੇ ਜੋ ਵੱਖ-ਵੱਖ ਬਦਲਵੇਂ ਰੂਪਾਂ 'ਚ ਪੜਾਅ-ਦਰ-ਪੜਾਅ ਜਾਰੀ ਹੈ।

ਹਥਿਆਰਬੰਦ ਲਹਿਰ ਤੋਂ ਬਾਅਦ ਰਾਜਨੀਤਿਕ, ਜਮਹੂਰੀਅਤ ਤੇ ਕੂਟਨੀਤਿਕ ਢੰਗ ਨਾਲ਼ ਖ਼ਾਲਿਸਤਾਨ ਦਾ ਸੰਘਰਸ਼ ਲੜਿਆ ਜਾ ਰਿਹਾ ਹੈ ਤੇ ਵਿੱਚ-ਵਿਚਾਲੇ ਕੁਝ ਗੁਰੂ ਕੇ ਲਾਲ ਭਾਰਤ ਦੇ ਬੋਲ਼ੇ ਕੰਨਾਂ ਤਕ ਆਵਾਜ਼ ਪਹੁੰਚਾਉਣ ਲਈ ਧਮਾਕਾ ਵੀ ਕਰ ਜਾਂਦੇ ਹਨ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਦਲ ਖ਼ਾਲਸਾ, ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ, ਪੰਚ ਪ੍ਰਧਾਨੀ ਜੱਥਾ, ਜਥੇਦਾਰ ਜਗਤਾਰ ਸਿੰਘ ਹਵਾਰਾ ਕਮੇਟੀ, ਵਰਲਡ ਸਿੱਖ ਪਾਰਲੀਮੈਂਟ ਅਤੇ ਸਿੱਖਸ ਫਾਰ ਜਸਟਿਸ ਆਦਿ ਜਥੇਬੰਦੀਆਂ ਸਮੇਤ ਹਜ਼ਾਰਾਂ ਸਿੱਖ ਦੇਸ਼ਾਂ-ਵਿਦੇਸ਼ਾਂ 'ਚ ਖ਼ਾਲਿਸਤਾਨ ਲਈ ਸਰਗਰਮ ਹਨ ਜਿਸ ਤੋਂ ਭਾਰਤ ਸਰਕਾਰ ਬੇਹੱਦ ਚਿੰਤਤ ਹੈ।

ਭਾਈ ਹਰਦੀਪ ਸਿੰਘ ਨਿੱਝਰ, ਭਾਈ ਪਰਮਜੀਤ ਸਿੰਘ ਪੰਜਵੜ, ਭਾਈ ਅਵਤਾਰ ਸਿੰਘ ਖੰਡਾ ਦੀਆਂ ਹੁਣ ਹੋਈਆਂ ਸ਼ਹਾਦਤਾਂ, ਗੁਰਪਤਵੰਤ ਸਿੰਘ ਪੰਨੂ ਨੂੰ ਮਾਰਨ ਦੀ ਕੋਸ਼ਿਸ਼, ਸ. ਸਿਮਰਨਜੀਤ ਸਿੰਘ ਮਾਨ ਦੀ ਕਿਰਦਾਰਕੁਸ਼ੀ ਤੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਡਿਬਰੂਗੜ੍ਹ ਜੇਲ੍ਹ 'ਚ ਨਜ਼ਰਬੰਦ ਕਰਨਾ ਇਹ ਭਾਰਤ ਸਰਕਾਰ ਦੀ ਬੁਖ਼ਲਾਹਟ ਹੈ। ਅੱਜ ਦੁਨੀਆਂ ਭਰ ਦੇ ਦੇਸ਼ਾਂ 'ਚ ਖ਼ਾਲਿਸਤਾਨ ਦੀ ਚਰਚਾ ਹੋ ਰਹੀ ਹੈ। ਸਾਡੇ ਸ਼ਹੀਦਾਂ ਦਾ ਡੁੱਲ੍ਹਿਆ ਖ਼ੂਨ ਅਜਾਈਂ ਨਹੀਂ ਜਾਏਗਾ, ਕਲਗੀਆਂ ਵਾਲ਼ਾ ਪਾਤਸ਼ਾਹ ਆਪ ਸਹਾਈ ਹੋਏਗਾ ਤੇ ਖ਼ਾਲਿਸਤਾਨ ਛੇਤੀ ਹੋਂਦ 'ਚ ਆਏਗਾ।

## ਤੇਰੀ ਯਾਦ – ਨਵਾਂ ਰੂਪ

ਸੁਰਜੀਤ ਸਾਰੰਗ

ਤੇਰੀ ਯਾਦ ਆਈ,
ਉਦਾਸੀ ਦੂਰ ਹੋਈ।

ਤੇਰਾ ਹਾਸਾ ਸੁਣਿਆ,
ਦਿਲ ਖੁਸ਼ ਹੋ ਗਿਆ।

ਲੋਕ ਸ਼ੋਰ ਕਰਦੇ ਨੇ,
ਮੈਂ ਆਪਣੇ 'ਚ ਮਸਤ ਰਹਿੰਦੀ ਆਂ।

ਪੁਰਾਣੀਆਂ ਗੱਲਾਂ ਮੇਰੇ ਨਾਲ ਨੇ,
ਜਿਵੇਂ ਸਾਇਆ ਮੇਰਾ।

ਦਿਲ 'ਚ ਮਜ਼ਾ ਜਾਗਿਆ,
ਨਸ਼ੇ ਵਰਗਾ ਲੱਗਿਆ।

ਇਹ ਸੋਚਾਂ ਹੀ ਮੇਰੀ ਬਹਾਰ ਨੇ,
ਤੇਰੀ ਯਾਦ ਮੇਰੀ ਜੰਨਤ ਏ।

ਮੈਂ ਹੱਸਦੀ ਰਹਿੰਦੀ ਆਂ,
ਹੱਸਣਾ ਹੀ ਮੇਰੀ ਅਰਦਾਸ ਏ।

## ਸਪੀਕਰ ਸੰਧਵਾਂ ਅਤੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਜ਼ਿਲ੍ਹਾ ਪੱਧਰੀ ਸਮੀਖਿਆ ਮੀਟਿੰਗ ਕੀਤੀ

### ਨਸ਼ਿਆਂ ਵਿਰੁੱਧ ਲੜਾਈ ਕਿਸੇ ਇੱਕ ਦੀ ਨਹੀਂ ਸਗੋਂ ਪੂਰੇ ਸਮਾਜ ਦੀ ਜ਼ਿੰਮੇਵਾਰੀ : ਸਪੀਕਰ ਸੰਧਵਾਂ

### ਨਸ਼ਿਆਂ ਵਿਰੁੱਧ ਯੁੱਧ ਨਸ਼ਿਆਂ ਦੇ ਖਾਤਮੇ ਤੱਕ ਜਾਰੀ ਰਹੇਗਾ : ਮੁੰਡੀਆਂ

ਟਿੰਕੂ ਕੁਮਾਰ




ਕੋਟਕਪੂਰਾ, 24 ਜੂਨ : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਨਸ਼ਿਆਂ ਤੋਂ ਮੁਕਤ ਕਰਨ ਲਈ ਜਾਰੀ 'ਯੁੱਧ ਨਸ਼ਿਆਂ ਵਿਰੁੱਧ ਮੁਹਿੰਮ' ਤਹਿਤ ਅੱਜ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਅਤੇ ਪੰਜਾਬ ਦੇ ਮਾਲ ਅਤੇ ਪੁਨਰ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਸਥਾਨ ਅਸ਼ੋਕ ਚੱਕਰ ਹਾਲ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਜ਼ਿਲ੍ਹਾ ਪੱਧਰੀ ਸਮੀਖਿਆ ਮੀਟਿੰਗ ਕੀਤੀ। ਜਿਸ ਵਿੱਚ ਬਲਾਕ ਕੋਆਰਡੀਨੇਟਰਾਂ, ਪੇਂਡੂ ਰੱਖਿਆ ਕਮੇਟੀਆਂ ਆਦਿ ਨੇ ਭਾਗ ਲਿਆ। ਇਸ ਮੌਕੇ ਵਿਧਾਇਕ ਫ਼ਰੀਦਕੋਟ ਗੁਰਦਿੱਤ ਸਿੰਘ ਸੇਖੋਂ, ਵਿਧਾਇਕ ਜੈਤੋ ਅਮੋਲਕ ਸਿੰਘ, ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਮੀਟਿੰਗ ਨੂੰ ਸਬੋਧਨ ਕਰਦਿਆਂ ਸਪੀਕਰ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨਾਲ ਲੜਾਈ ਫ਼ੈਸਲਾਕੁੰਨ ਦੌਰ ਵਿੱਚ ਪੁੱਜ ਗਈ ਹੈ। ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਜੀਰੋ ਟਾਲਰੈਂਸ ਨੀਤੀ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੱਸਿਆ ਕਿ ਨਸ਼ਾ ਤਸਕਰੀ ਵਿੱਚ ਕਿਸੇ ਦੀ ਵੀ ਸ਼ਮੂਲੀਅਤ ਸਾਹਮਣੇ ਆਈ ਤਾਂ ਉਹ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਕਿਸੇ ਇੱਕ ਦੀ ਨਹੀਂ ਸਗੋਂ ਪੂਰੇ ਸਮਾਜ ਦੀ ਜ਼ਿੰਮੇਵਾਰੀ ਹੈ। ਜੇਕਰ ਹਰ ਜਾਗਰੂਕ ਨਾਗਰਿਕ ਆਪਣਾ ਫਰਜ਼ ਸਮਝ ਕੇ ਇਸ ਮੁਹਿੰਮ ਵਿੱਚ ਯੋਗਦਾਨ ਪਾਵੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਬਚਾਇਆ ਜਾ ਸਕਦਾ ਹੈ। ਉਨ੍ਹਾਂ ਇਸ ਮੁਹਿੰਮ ਨਾਲ ਜੁੜੇ ਕੋਆਰਡੀਨੇਟਰਾਂ, ਹਲਕਾ ਇੰਚਾਰਜਾਂ ਤੇ ਟੀਮ ਸਮੇਤ ਸਿਵਲ ਤੇ ਪੁਲਿਸ ਅਧਿਕਾਰੀਆਂ ਦੇ ਕੰਮ ਦੀ ਸਰਾਹਨਾ ਕੀਤੀ ਤੇ ਇਸ ਮੁਹਿੰਮ ਨੂੰ ਹੋਰ ਸਫਲਤਾ ਵੱਲੋ ਲਿਜਾਣ ਦੀਆਂ ਸ਼ੁਭ ਕਾਮਨਾਵਾਂ ਵੀ ਦਿੱਤੀਆਂ। ਕੈਬਨਿਟ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਸਮਾਜ ਵਿੱਚੋ ਨਸ਼ਿਆਂ ਦੇ ਖਾਤਮੇ ਲਈ ਹਰ ਵਰਗ ਨੂੰ ਸ਼ਾਮਿਲ ਕਰਨ ਦਾ ਮੁੱਖ ਮਕਸਦ ਇਸ ਸਮਾਜਿਕ ਬੁਰਾਈ ਦਾ ਰਲ ਮਿਲ ਕੇ ਖਾਤਮਾ ਕਰਨਾ ਮਿਥਿਆ ਗਿਆ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਣ ਵਾਲੇ ਸ਼ਰਾਰਤੀ ਅਨਸਰਾਂ ਨੂੰ ਸਲਾਖਾਂ ਪਿੱਛੇ ਪਹੁੰਚਾ ਕੇ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੇ ਹੋਏ ਮਿਸਾਲੀ ਸਜ਼ਾਵਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਦਿੱਤੀਆਂ ਜਾਣਗੀਆਂ। ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਵਲੋਂ ਪਿੰਡ-ਪਿੰਡ ਸਟੇਡੀਅਮਾਂ ਦੀ ਉਸਾਰੀ ਕਰਵਾਈ ਜਾ ਰਹੀ ਹੈ ਤਾਂ ਜੋ ਉਨ੍ਹਾਂ ਨੂੰ ਘਰਾਂ ਦੇ ਨਜ਼ਦੀਕ ਹੀ ਸਹੂਲਤਾਂ ਮਿਲ ਸਕਣ। ਉਹ ਖੇਡਾਂ ਵਿੱਚ ਆਪਣਾ ਨਾਮ ਚਮਕਾਉਣ ਤੇ ਸੂਬੇ ਦਾ ਨਾਮ ਰੋਸ਼ਨ ਕਰਨ। ਉਨ੍ਹਾਂ ਕਿਹਾ ਕਿ ਖੇਡਾਂ ਨਾਲ ਜੁੜ ਕੇ ਨਸ਼ਿਆਂ ਜਿਹੀਆਂ ਮਾੜੀਆਂ ਅਲਾਮਤਾਂ ਤੋਂ ਬਚਿਆ ਜਾ ਸਕਦਾ ਹੈ ਤੇ ਸੂਬੇ ਦੀ ਜਵਾਨੀ ਨੂੰ ਸਿਹਤਮੰਦ ਰੱਖਿਆ ਜਾ ਸਕਦਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਸਮਾਜ ਵਿੱਚੋਂ ਨਸ਼ਿਆਂ ਦੇ ਖਾਤਮੇ ਤੱਕ ਯੁੱਧ ਨਸ਼ਿਆਂ ਵਿਰੁੱਧ ਜਾਰੀ ਰਹੇਗਾ। ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਜਿਹੜੇ ਵੀ ਨਾਗਰਿਕ ਗੁੰਮਰਾਹ ਹੋ ਕੇ ਨਸ਼ਿਆਂ ਦੇ ਰੋਗ ਦਾ ਸ਼ਿਕਾਰ ਹੋ ਗਏ ਹਨ ਉਨ੍ਹਾਂ ਦਾ ਇਲਾਜ ਸੰਭਵ ਹੈ ਅਤੇ ਅਜਿਹੇ ਲੋਕਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਸਰਕਾਰੀ ਨਸ਼ਾ ਮੁਕਤੀ ਕੇਂਦਰ ਵਿੱਚ ਦਾਖਲ ਕਰਵਾਇਆ ਜਾਵੇ ਜਿਥੇ ਉਨ੍ਹਾਂ ਦਾ ਮੁਫਤ ਇਲਾਜ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਨਸ਼ਿਆਂ ਦੀ ਰੋਕਥਾਮ ਲਈ ਜਾਗਰੂਕਤਾ ਲਗਾਤਾਰ ਜਾਰੀ ਰੱਖੀ ਜਾ ਰਹੀ ਹੈ। ਉਨ੍ਹਾਂ ਨਸ਼ਿਆਂ ਦੇ ਸੌਦਾਗਰਾਂ ਖਿਲਾਫ ਹੋਰ ਸਖਤੀ ਕਰਨ ਦਾ ਸੁਝਾਅ ਦਿੱਤਾ। ਵਿਧਾਇਕ ਜੈਤੋ ਸ. ਅਮੋਲਕ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦਾ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਇੱਕ ਕ੍ਰਾਂਤੀਕਾਰੀ ਮੁਹਿੰਮ ਹੈ। ਉਨ੍ਹਾਂ ਕਿਹਾ ਕਿ ਜਿਸ ਦਿਨ ਤੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸ਼ੁਰੂ ਕੀਤੀ ਗਈ ਹੈ ਨੌਜਵਾਨ ਪੀੜ੍ਹੀ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਜਾਣੂ ਹੋਈ ਹੈ ਉਹ ਆਪ ਵੀ ਇਸ ਅਲਾਮਤ ਤੋਂ ਦੂਰ ਹੋਏ ਹਨ ਅਤੇ ਲੋਕਾਂ ਨੂੰ ਵੀ ਜਾਗਰੂਕ ਕਰ ਰਹੇ ਹਨ। ਸ. ਗਗਨਦੀਪ ਸਿੰਘ ਧਾਲੀਵਾਲ ਚੇਅਰਮੈਨ ਨਗਰ ਸੁਧਾਰ ਟਰੱਸਟ ਫਰੀਦਕੋਟ ਤੇ ਇੰਚਾਰਜ ਮਾਲਵਾ ਸੈਂਟਰਲ ਨਸ਼ਾ ਮੁਕਤੀ ਮੋਰਚਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਾ ਮੁਕਤੀ ਮੋਰਚਾ ਤਹਿਤ ਲਗਾਤਾਰ ਫੰਡ ਉਪਲਬੱਧ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨਸ਼ੇ ਦੇ ਖਾਤਮੇ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਦ੍ਰਿੜ ਹੈ ਤੇ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਤੋਂ ਨੌਜਵਾਨਾਂ ਨੂੰ ਬਚਾਉਣ ਲਈ ਸ਼ਲਾਂਘਾਯੋਗ ਕਦਮ ਪੁੱਟੇ ਗਏ ਹਨ ਜਿਸ ਤਹਿਤ ਨਸ਼ਾ ਤਸਕਰਾਂ ਦੇ ਘਰ ਢਾਹੇ ਗਏ ਹਨ। ਉਨ੍ਹਾਂ ਕਿਹਾ ਕਿ ਨਸ਼ੇ ਨੂੰ ਪੂਰਨ ਤੌਰ ਤੇ ਰੋਕਣ ਲਈ ਸਭ ਦਾ ਇਕੱਠੇ ਹੋਣਾ ਬਹੁਤ ਜ਼ਰੂਰੀ ਹੈ। ਪ੍ਰੋ. ਗੁਰਸੇਵਕ ਸਿੰਘ ਜ਼ਿਲ੍ਹਾ ਕੋਆਰਡੀਨੇਟਰ ਨੇ ਸਭ ਨੂੰ ਜੀ ਆਇਆ ਕਿਹਾ ਤੇ ਜ਼ਿਲ੍ਹੇ ਵਿੱਚ ਮੁਹਿੰਮ ਦੀਆਂ ਗਤੀਵਿਧੀਆਂ ਬਾਰੇ ਚਾਨਣਾ ਪਾਇਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਮਲਹੋਤਰਾ, ਐਸ.ਡੀ.ਐਮ ਫ਼ਰੀਦਕੋਟ ਸ੍ਰੀ ਪੁਨੀਤ ਸ਼ਰਮਾ,ਐਸ.ਡੀ.ਐਮ. ਕੋਟਕਪੂਰਾ ਸ੍ਰੀ ਰਾਜਿੰਦਰ ਸਿੰਘ, ਐਸ.ਡੀ.ਐਮ ਜੈਤੋ ਸ੍ਰੀ ਵਿਕਰਮਜੀਤ, ਐਸ.ਪੀ. (ਐਚ) ਸ੍ਰੀ ਮਨਵਿੰਦਰਬੀਰ ਸਿੰਘ, ਡਾ. ਵਿਸ਼ਵਦੀਪ ਗੋਇਲ, ਉੱਤਮ ਸਿੰਘ ਡੋਡ ਹਲਕਾ ਕੋਆਰਡੀਨੇਟਰ ਫ਼ਰੀਦਕੋਟ, ਰਵਦੀਪ ਸਿੰਘ ਬਰਾੜ, ਸੁਖਦੀਪ ਸਿੰਘ ਹਲਕਾ ਕੋਆਰਡੀਨੇਟਰ ਕੋਟਕਪੂਰਾ, ਮੱਖਣ ਸਿੰਘ ਝੱਖੜਵਾਲਾ (ਕੋਆਰਡੀਨੇਟਰ ਹਲਕਾ ਜੈਤੋ), ਸਰਬਜੀਤ ਚੇਅਰਮੈਨ ਬਲਾਕ ਸੰਮਤੀ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।